**ਆਸਾ ਮਹਲਾ ੫ ॥ ਪ੍ਰਭੁ ਹੋਇ ਕ੍ਰਿਪਾਲੁ ਤ ਇਹੁ ਮਨੁ ਲਾਈ ॥ ਸਤਿਗੁਰੁ ਸੇਵਿ ਸਭੈ ਫਲ ਪਾਈ ॥੧॥ ਮਨ ਕਿਉ ਬੈਰਾਗੁ ਕਰਹਿਗਾ ਸਤਿਗੁਰੁ ਮੇਰਾ ਪੂਰਾ ॥ ਮਨਸਾ ਕਾ ਦਾਤਾ ਸਭ ਸੁਖ ਨਿਧਾਨੁ ਅੰਮ੍ਰਿਤ ਸਰਿ ਸਦ ਹੀ ਭਰਪੂਰਾ ॥੧॥ ਰਹਾਉ ॥ ਚਰਣ ਕਮਲ ਰਿਦ ਅੰਤਰਿ ਧਾਰੇ ॥ ਪ੍ਰਗਟੀ ਜੋਤਿ ਮਿਲੇ ਰਾਮ ਪਿਆਰੇ ॥੨॥ ਪੰਚ ਸਖੀ ਮਿਲਿ ਮੰਗਲੁ ਗਾਇਆ ॥ ਅਨਹਦ ਬਾਣੀ ਨਾਦੁ ਵਜਾਇਆ ॥੩॥ ਗੁਰੁ ਨਾਨਕੁ ਤੁਠਾ ਮਿਲਿਆ ਹਰਿ ਰਾਇ ॥ ਸੁਖਿ ਰੈਣਿ ਵਿਹਾਣੀ ਸਹਜਿ ਸੁਭਾਇ ॥੪॥੧੭॥** {ਪੰਨਾ 375}

ਪਦਅਰਥ:- ਕ੍ਰਿਪਾਲੁ—{øpw-AwlX} ਦਇਆਵਾਨ। ਲਾਈ—ਲਾਈਂ, ਮੈਂ ਲਾਵਾਂ। ਸੇਵਿ—ਸੇਵਾ ਕਰ ਕੇ। ਪਾਈ—ਪਾਈਂ, ਮੈਂ ਪਾਵਾਂ।1।

ਮਨ—ਹੇ ਮਨ! ਕਿਉ ਬੈਰਾਗੁ ਕਰਹਿਗਾ—ਕਿਉਂ ਘਾਬਰਦਾ ਹੈਂ? ਮਨਸਾ—ਮਨ ਦਾ ਫੁਰਨਾ, ਇੱਛਾ। ਦਾਤਾ—ਦੇਣ ਵਾਲਾ। ਸੁਖ ਨਿਧਾਨੁ—ਸੁਖਾਂ ਦਾ ਖ਼ਜ਼ਾਨਾ। ਅੰਮ੍ਰਿਤ ਸਰਿ—ਅੰਮ੍ਰਿਤ ਦੇ ਸਰੋਵਰ-ਗੁਰੂ ਵਿਚ। ਭਰਪੂਰਾ—ਨਕਾ-ਨਕ ਭਰਿਆ ਹੋਇਆ।1। ਰਹਾਉ।

ਰਿਦ—ਹਿਰਦਾ।2।

ਪੰਚ ਸਖੀ—ਪੰਜ ਸਹੇਲੀਆਂ, ਪੰਜ ਗਿਆਨ-ਇੰਦ੍ਰੇ। ਮੰਗਲੁ—ਸਿਫ਼ਤਿ ਸਾਲਾਹ ਦਾ ਗੀਤ। ਅਨਹਦ—ਇਕ-ਰਸ, ਲਗਾਤਾਰ। ਬਾਣੀ—ਸਿਫ਼ਤਿ-ਸਾਲਾਹ ਦੀ ਬਾਣੀ (ਦਾ)। ਨਾਦੁ—ਵਾਜਾ।3।

ਤੁਠਾ—ਪ੍ਰਸੰਨ ਹੋਇਆ। ਹਰਿ ਰਾਇ—ਪ੍ਰਭੂ-ਪਾਤਿਸ਼ਾਹ। ਸੁਖਿ—ਸੁਖ ਵਿਚ। ਰੈਣਿ—ਰਾਤ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇ—ਪ੍ਰੇਮ ਵਿਚ।4।

ਅਰਥ:- ਹੇ ਮੇਰੇ ਮਨ! ਤੂੰ ਕਿਉਂ ਘਾਬਰਦਾ ਹੈਂ? (ਯਕੀਨ ਰੱਖ, ਤੇਰੇ ਸਿਰ ਉਤੇ ਉਹ) ਪਿਆਰਾ ਸਤਿਗੁਰੂ (ਰਾਖਾ) ਹੈ ਜੋ ਮਨ ਦੀਆਂ ਲੋੜਾਂ ਪੂਰੀਆਂ ਕਰਨ ਵਾਲਾ ਹੈ ਜੋ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ ਅਤੇ ਜਿਸ ਅੰਮ੍ਰਿਤ ਦੇ ਸਰੋਵਰ-ਗੁਰੂ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਨਕਾ-ਨਕ ਭਰਿਆ ਹੋਇਆ ਹੈ।1। ਰਹਾਉ।

(ਹੇ ਭਾਈ!) ਜੇ ਪਰਮਾਤਮਾ ਦਇਆਵਾਨ ਹੋਵੇ ਤਾਂ ਹੀ ਮੈਂ ਇਹ ਮਨ (ਗੁਰੂ ਦੇ ਚਰਨਾਂ ਵਿਚ) ਜੋੜ ਸਕਦਾ ਹਾਂ, ਤਦੋਂ ਹੀ ਗੁਰੂ ਦੀ (ਦੱਸੀ) ਸੇਵਾ ਕਰ ਕੇ ਮਨ-ਇੱਜ਼ਤ ਫਲ ਪ੍ਰਾਪਤ ਕਰ ਸਕਦਾ ਹਾਂ।1।

(ਹੇ ਭਾਈ!) ਜਿਸ ਮਨੁੱਖ ਨੇ ਆਪਣੇ ਹਿਰਦੇ ਵਿਚ (ਗੁਰੂ ਦੇ) ਸੋਹਣੇ ਚਰਨ ਟਿਕਾ ਲਏ (ਉਸ ਦੇ

ਅੰਦਰ) ਪਰਮਾਤਮਾ ਦੀ ਜੋਤਿ ਜਗ ਪਈ, ਉਸ ਨੂੰ ਪਿਆਰਾ ਪ੍ਰਭੂ ਮਿਲ ਪਿਆ।2।

ਉਸ ਦੇ ਪੰਜੇ ਗਿਆਨ-ਇੰਦ੍ਰਿਆਂ ਨੇ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦਾ ਵਾਜਾ ਇਕ-ਰਸ ਵਜਾਣਾ ਸ਼ੁਰੂ ਕਰ ਦਿੱਤਾ।3।

ਹੇ ਨਾਨਕ! ਜਿਸ ਮਨੁੱਖ ਉਤੇ ਗੁਰੂ ਪ੍ਰਸੰਨ ਹੋ ਪਿਆ ਉਸ ਨੂੰ ਪ੍ਰਭੂ-ਪਾਤਿਸ਼ਾਹ ਮਿਲ ਪਿਆ, ਉਸ ਦੀ (ਜ਼ਿੰਦਗੀ ਦੀ) ਰਾਤ ਸੁਖ ਵਿਚ ਆਤਮਕ ਅਡੋਲਤਾ ਵਿਚ ਬੀਤਣ ਲੱਗ ਪਈ।4। 17।